(145) 5

ੴ ਵਾਹਿਗੁਰੂ ਜੀ ਕੀ ਫਤਹ॥

**ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ 28 ਮੱਘਰ ਸੰਮਤ ਨਾਨਕਸ਼ਾਹੀ 554 ਮੁਤਾਬਿਕ 13-12-2022 ਦੇ ਮਤਾ ਨੰਬਰ 651** ਨਕਲ:-

" ਸਿੱਖ ਗੁਰੂ ਸਾਹਿਬਾਨ, ਉਨ੍ਹਾਂ ਦੇ ਪਰਿਵਾਰਾਂ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਬਾਰੇ ਬਣਦੀਆਂ ਫਿਲਮਾਂ ਨੂੰ ਲੈ ਕੇ ਸੰਗਤ ਵੱਲੋਂ ਅਕਸਰ ਹੀ ਇਤਰਾਜ਼ ਕੀਤੇ ਜਾਂਦੇ ਹਨ। ਇਹ ਮਾਮਲਾ ਬੇਹੱਦ ਸੰਜੀਦਾ ਹੈ। ਭਾਵੇਂ ਕਿ ਬੀਤੇ ਸਮੇਂ 'ਚ ਚਾਰ ਸਾਹਿਬਜ਼ਾਦੇ ਐਨੀਮੇਸ਼ਨ ਫਿਲਮ ਨੂੰ ਸੰਗਤ ਵੱਲੋਂ ਸਲਾਹਿਆ ਗਿਆ, ਪਰੰਤੂ ਇਸ ਉਪਰੰਤ ਬਣੀਆਂ ਸਿੱਖ ਇਤਿਹਾਸ ਨਾਲ ਸਬੰਧਤ ਕਈ ਫਿਲਮਾਂ 'ਤੇ ਸੰਗਤ ਵੱਲੋਂ ਇਤਰਾਜ਼ ਉਠਾਏ ਗਏ ਹਨ। ਹਾਲ ਹੀ ਵਿਚ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਇਤਿਹਾਸ ਸਬੰਧੀ ਬਣੀ ਐਨੀਮੇਸ਼ਨ ਫਿਲਮ 'ਦਾਸਤਾਨ-ਏ-ਸਰਹਿੰਦ' ਨੂੰ ਲੈ ਕੇ ਵੀ ਸੰਗਤ ਵੱਲੋਂ ਭਾਰੀ ਵਿਰੋਧ ਸਾਹਮਣੇ ਆਇਆ ਹੈ।

ਉਕਤ ਦੇ ਮੱਦੇਨਜ਼ਰ ਸਿੱਖ ਗੁਰੂ ਸਾਹਿਬਾਨ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਬਾਰੇ ਹਰ ਤਰ੍ਹਾਂ ਦੀਆਂ ਬਣਦੀਆਂ ਫਿਲਮਾਂ ਸਬੰਧੀ ਕੋਈ ਠੋਸ ਨੀਤੀ ਬਣਾਉਣ ਦੀ ਜ਼ਰੂਰਤ ਦਾ ਮਾਮਲਾ, **ਪੇਸ਼ ਹੋਣ 'ਤੇ ਮਾਨਯੋਗ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਇਕੱਤਰਤਾ ਵਿਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਦੀਰਘ ਵਿਚਾਰ ਉਪਰੰਤ ਪ੍ਰਵਾਨ ਹੋਇਆ ਕਿ ਸੰਗਤਾਂ ਦੀਆਂ ਭਾਵਨਾਵਾਂ ਨੂੰ ਮੱਦੇਨਜ਼ਰ ਰੱਖਦਿਆਂ ਗੁਰੂ ਸਾਹਿਬਾਨ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਬਾਰੇ ਹਰ ਤਰ੍ਹਾਂ ਦੀਆਂ ਫਿਲਮਾਂ ਬਣਾਉਣ ਉੱਤੇ ਮੁਕੰਮਲ ਰੋਕ ਲਗਾਈ ਜਾਂਦੀ ਹੈ।"**

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ ਸਾਹਿਬ।

ਨੰਬਰ 41836/ ਮਿਤੀ 19-12-, 2022

**ਉਤਾਰਾ:-**

1. ਸਕੱਤਰ ਸਾਹਿਬ, ਸ਼੍ਰੋਮਣੀ ਗੁ: ਪ੍ਰ: ਕਮੇਟੀ।
2. ਨਿੱਜੀ ਸਹਾਇਕ, ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ।
3. ਇੰਚਾਰਜ, ਪਬਲੀਸਿਟੀ ਵਿਭਾਗ, ਸ਼੍ਰੋਮਣੀ ਗੁ: ਪ੍ਰ: ਕਮੇਟੀ।
4. ਇੰਚਾਰਜ, ਟਰੱਸਟ ਵਿਭਾਗ, ਸ਼੍ਰੋਮਣੀ ਗੁ: ਪ੍ਰ: ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਦਾ ਹੈ।

(ਬਲਵਿੰਦਰ ਸਿੰਘ)
ਐਡੀ: ਸਕੱਤਰ (ਪ੍ਰ.),
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ।